ਗਉੜੀ ਮਹਲਾ ੫ ॥ ਪ੍ਰਭ ਕੇ ਚਰਨ ਮਨ ਮਾਹਿ ਧਿਆਨੁ ॥ ਸਗਲ ਤੀਰਥ ਮਜਨ ਇਸਨਾਨੁ ॥੧॥ ਹਰਿ ਦਿਨੁ ਹਰਿ ਸਿਮਰਨੁ ਮੇਰੇ ਭਾਈ ॥ ਕੋਟਿ ਜਨਮ ਕੀ ਮਲੁ ਲਹਿ ਜਾਈ ॥੧॥ ਰਹਾਉ ॥ ਹਰਿ ਕੀ ਕਥਾ ਰਿਦ ਮਾਹਿ ਬਸਾਈ ॥ ਮਨ ਬਾਂਛਤ ਸਗਲੇ ਫਲ ਪਾਈ ॥੨॥ ਜੀਵਨ ਮਰਣੁ ਜਨਮੁ ਪਰਵਾਨੁ ॥ ਜਾ ਕੈ ਰਿਦੈ ਵਸੈ ਭਗਵਾਨੁ ॥ ੩॥ ਕਹੁ ਨਾਨਕ ਸੇਈ ਜਨ ਪੂਰੇ ॥ ਜਿਨਾ ਪਰਾਪਤਿ ਸਾਧੂ ਧੂਰੇ ॥੪॥੭੭॥੧੪੬॥ {ਪੰਨਾ 195}

ਪਦਅਰਥ:- ਮਾਹਿ—ਵਿਚ। ਮਜਨ—ਇਸ਼ਨਾਨ, ਚੁੱਭੀ।1।

ਦਿਨੁ—(ਸਾਰਾ) ਦਿਨ। ਹਰਿ ਹਰਿ ਸਿਮਰਨੁ—ਸਦਾ ਹਰੀ ਦਾ ਸਿਮਰਨ (ਕਰ)। ਭਾਈ—ਹੇ ਭਾਈ! ਕੋਟਿ—ਕ੍ਰੋੜਾਂ। ਮਲੁ—(ਵਿਕਾਰਾਂ ਦੀ) ਮੈਲ {ਲਫ਼ਜ਼ 'ਮਲੁ' ਸ਼ਕਲ ਵਿਚ ਪੁਲਿੰਗ ਵਾਂਗ ਹੈ, ਪਰ ਹੈ ਇਹ ਇਸਤ੍ਰੀ ਲਿੰਗ}।1। ਰਹਾਉ।

ਕਥਾ—ਸਿਫ਼ਤਿ-ਸਾਲਾਹ। ਮਨ ਬਾਂਛਤ—ਮਨ-ਲੋੜੀਂਦੇ, ਮਨ-ਇੱਛਿਤ।2।

ਜੀਵਨ ਮਰਣੁ ਜਨਮੁ-ਜੰਮਣ ਤੋਂ ਮਰਨ ਤਕ ਸਾਰਾ ਜੀਵਨ। ਜਾ ਕੈ ਰਿਦੈ—ਜਿਸ ਦੇ ਹਿਰਦੇ ਵਿਚ।3।

ਪੂਰੇ—ਸਾਰੇ ਗੁਣਾਂ ਵਾਲੇ। ਸਾਧੂ ਧੂਰੇ—ਗੁਰੂ ਦੇ ਚਰਨਾਂ ਦੀ ਧੂੜ।4।

ਅਰਥ:- ਹੇ ਮੇਰੇ ਵੀਰ! ਸਾਰਾ ਦਿਨ ਸਦਾ ਪਰਮਾਤਮਾ ਦਾ ਸਿਮਰਨ ਕਰਿਆ ਕਰ। (ਜੇਹੜਾ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਹੈ ਉਸ ਦੇ) ਕ੍ਰੋੜਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ।1। ਰਹਾਉ।

(ਹੇ ਮੇਰੇ ਵੀਰ!) ਆਪਣੇ ਮਨ ਵਿਚ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰ। (ਪ੍ਰਭੂ-ਚਰਨਾਂ ਦਾ ਧਿਆਨ ਹੀ) ਸਾਰੇ ਤੀਰਥਾਂ ਦਾ ਇਸ਼ਨਾਨ ਹੈ।1।

(ਹੇ ਮੇਰੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਹ ਸਾਰੇ ਮਨ-ਲੋੜੀਂਦੇ ਫਲ ਪ੍ਰਾਪਤ ਕਰ ਲੈਂਦਾ ਹੈ।2।

(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਆ ਵੱਸਦਾ ਹੈ, ਜਨਮ ਤੋਂ ਲੈ ਕੇ ਮੌਤ ਤਕ ਉਸ ਮਨੁੱਖ ਦਾ ਸਾਰਾ ਜੀਵਨ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ।3।

ਹੇ ਨਾਨਕ! ਉਹੀ ਮਨੁੱਖ ਸੁੱਧੇ ਜੀਵਨ ਵਾਲੇ ਬਣਦੇ ਹਨ, ਜਿਨ੍ਹਾਂ ਨੂੰ ਗੁਰੂ ਦੇ ਚਰਨਾਂ ਦੀ ਧੂੜ ਮਿਲ ਜਾਂਦੀ ਹੈ।4।77।146।